# ਮੂਲ ਨਾਨਕਸ਼ਾਹੀ ਕੈਲੰਡਰ ਕਾਨਫਰੰਸ ਦੇ ਬੁਲਾਰਿਆਂ ਲਈ ਸਵਾਗਤੀ ਰਾਤਰੀ ਭੋਜ ਦੀਆਂ ਕੁਝ ਤਸਵੀਰਾਂ


ਭਾਈ ਮਹਿੰਦਰ ਸਿੰਘ


ਗੁਰਪ੍ਰੀਤ ਕੌਰ


ਰਘਬੀਰ ਸਿੰਘ ਬਸਾਤੀ




ਸਰਵਣ ਸਿੰਘ ਰਾਜੂ


ਪਰਮਿੰਦਰ ਸਿੰਘ ਮਾਨ


ਪਰਦੀਪ ਸਿੰਘ ਗਿੱਲ




ਕਿਰਪਾਲ ਸਿੰਘ ਨਿੱਜਰ


ਡਾ. ਇੰਦਰਬੀਰ ਗਿੱਲ


ਅਮਰਦੇਵ ਸਿੰਘ ਬੰਦੇਸ਼ਾ







**ਤਸਵੀਰਾਂ: ਏਸ਼ੀਅਨ ਮੀਡੀਆ**



# ਨਵਾਂ ਪੰਥਕ ਫਰੰਟ ਲਵੇਗਾ ਸ਼੍ਰੋਮਣੀ ਕਮੇਟੀ ਚੋਣਾਂ ਵਿਚ ਬਾਦਲਾਂ ਨਾਲ ਟੱਕਰ

**ਜਲੰਧਰ:** ਅਕਾਲ ਤਖਤ ਦੇ ਜਥੇਦਾਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੇਅਦਬੀ ਕਾਂਡ ਦੀ ਕੋਈ ਪੜਤਾਲ ਨਾ ਕਰਵਾਏ ਜਾਣ ਅਤੇ ਹੋਰ ਪੰਥਕ ਸੰਸਥਾਵਾਂ ਦੀ ਭੂਮਿਕਾ ਤੋਂ ਨਿਰਾਸ਼ ਆਗੂਆਂ ਨੇ ਨਵਾਂ ਪੰਥਕ ਫਰੰਟ ਬਣਾ ਲਿਆ। ਫਰੰਟ ਦੀ ਸਥਾਪਨਾ ਦਾ ਮੁੱਖ ਮੰਤਵ ਪੰਥਕ ਮੁੱਦਿਆਂ ਲਈ ਲੜਾਈ ਲੜਨਾ ਹੋਵੇਗਾ। ਜਥੇਦਾਰ ਸੁਖਦੇਵ ਸਿੰਘ ਭੌਰ ਨੂੰ ਪੰਥਕ ਫਰੰਟ ਦਾ ਬਾਨੀ ਕਨਵੀਨਰ ਥਾਪਿਆ ਗਿਆ ਹੈ। ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਹੋਈ ਮੀਟਿੰਗ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੌਜੂਦਾ



22 ਮੈਂਬਰਾਂ ਤੇ ਸਾਬਕਾ ਮੈਂਬਰਾਂ ਨੇ ਹਾਜ਼ਰੀ ਭਰੀ। ਇਨ੍ਹਾਂ 'ਚੋਂ ਬਹੁਤੇ ਸ਼੍ਰੋਮਣੀ ਕਮੇਟੀ ਮੈਂਬਰ ਅਕਾਲੀ ਦਲ ਬਾਦਲ ਦੀ ਟਿਕਟ 'ਤੇ ਚੋਣ ਜਿੱਤੇ ਸਨ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਲਈ 29 ਨਵੰਬਰ ਨੂੰ ਹੋਣ ਵਾਲੀ ਚੋਣ ਲੜਨ ਦਾ ਫੈਸਲਾ ਕਰਨ ਲਈ ਇਕ 7 ਮੈਂਬਰੀ ਕਮੇਟੀ ਵੀ ਬਣਾਈ ਗਈ ਹੈ ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਮਰਹੂਮ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਧੀ ਕੁਲਦੀਪ ਕੌਰ ਟੌਹੜਾ ਨੂੰ ਵੀ ਲਿਆ ਗਿਆ ਹੈ, ਜੋ ਮੀਟਿੰਗ 'ਚ ਹਾਜ਼ਰ ਸੀ।

ਪ੍ਰਧਾਨਗੀ ਦੀ ਚੋਣ ਲੜਨ ਦਾ ਫੈਸਲਾ ਕਰਨ ਤੋਂ ਪਹਿਲਾਂ ਜਥੇਦਾਰ ਸੁਖਦੇਵ ਸਿੰਘ ਭੌਰ ਨੇ ਕਿਹਾ ਕਿ ਜਥੇਬੰਦੀ ਪੰਥਕ ਮਾਣ ਮਰਿਆਦਾ ਦੀ ਕਾਇਮੀ ਲਈ ਧਾਰਮਿਕ ਸ਼ਖਸੀਅਤਾਂ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਮੈਂਬਰਾਂ ਤੱਕ ਵੀ ਪਹੁੰਚ ਕਰੇਗੀ। ਉਨ੍ਹਾਂ ਕਿਹਾ ਪੰਥਕ ਫਰੰਟ ਕਿਸੇ ਵੀ ਸਿਆਸੀ ਸਰਗਰਮੀ ਤੋਂ ਦੂਰ ਰਹਿੰਦਿਆਂ ਨਿਰੋਲ ਪੰਥਕ ਮੁੱਦਿਆਂ ਅਤੇ ਪੰਥਕ ਸੰਸਥਾਵਾਂ ਦਾ ਵਕਾਰ ਬਹਾਲ ਕਰਵਾਉਣ ਦੀ ਲੜਾਈ ਲੜੇਗਾ ਤੇ ਇਕ ਚੌਕੀਦਾਰ ਵਜੋਂ ਕੰਮ ਕਰੇਗਾ। ਇਸ ਮੌਕੇ ਫਰੰਟ ਵੱਲੋਂ ਬਾਬਾ ਗੁਰਪ੍ਰੀਤ ਸਿੰਘ ਅਤੇ ਜਸਵੰਤ ਸਿੰਘ ਪੁੜੈਣ ਨੂੰ ਮੁੱਖ ਬੁਲਾਰੇ ਨਿਯੁਕਤ ਕੀਤਾ ਗਿਆ।